# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 30-10-2024**

ਸੂਬੇ ਦੀਆਂ ਮੰਡੀਆਂ ‘ਚ ਇਸ ਮਹੀਨੇ ਦੀ 28 ਤਰੀਕ ਤੱਕ ਕੁੱਲ 65.75 LMT ਝੋਨੇ ਦੀ ਆਮਦ ਹੋਈ ਏ, ਜਿਸ ਵਿੱਚੋਂ 60.63 LMT ਦੀ ਸਰਕਾਰੀ ਏਜੰਸੀਆਂ ਅਤੇ ਭਾਰਤੀ ਖ਼ੁਰਾਕ ਨਿਗਮ (FCI) ਵੱਲੋਂ ਖ਼ਰੀਦ ਕੀਤੀ ਗਈ ਏ। 28 ਅਕਤੂਬਰ ਤੱਕ ਪੰਜਾਬ ਦੇ ਕਿਸਾਨਾਂ ਨੂੰ ਬੈਂਕ ਖ਼ਾਤਿਆਂ ਵਿੱਚ 12 ਹਜ਼ਾਰ 200 ਕਰੋੜ ਰੁਪਏ ਦੀ ਰਕਮ, ਸਿਧਿਆਂ ਜਾਰੀ ਕੀਤੀ ਗਈ ਏ ਸਾਉਣੀ ਦੀ ਮੰਡੀਕਰਨ ਰੁਤ 2024-25 ਵਿੱਚ ਝੋਨੇ ਦੀ ਖ਼ਰੀਦ ਪਹਿਲੀ ਅਕਤੂਬਰ ਤੋਂ ਸ਼ੁਰੂ ਹੋਈ ਅਤੇ ਝੋਨੇ ਦੀ ਨਿਰਵਿਘਨ ਖ਼ਰੀਦ ਲਈ ਪੰਜਾਬ ਭਰ ਵਿੱਚ 1 ਹਜ਼ਾਰ ਆਰਜ਼ੀ ਯਾਰਡਾਂ ਸਮੇਤ 2 ਹਜ਼ਾਰ 927 ਨਿਰਧਾਰਤ ਮੰਡੀਆਂ ਖੋਲ੍ਹੀਆਂ

ਗਈਆਂ ਨੇ. ਕੇਂਦਰ ਨੇ ਇਸ ਸਾਉਣੀ ਮੰਡੀਕਰਨ ਰੁਤ 2024-25 ਲਈ 185 LMT ਦਾ ਅਨੁਮਾਨਿਤ ਟੀਚਾ ਮਿਥਿਆ ਏ। ਇਸ ਰੁਤ ਲਈ ਗ੍ਰੇਡ 'ਏ' ਝੋਨੇ ਲਈ ਕੇਂਦਰ ਵੱਲੋਂ ਤੈਅ ਕੀਤੇ ਗਏ ਘੱਟੋ-ਘੱਟ ਸਮਰਥਨ ਮੁੱਲ 2 ਹਜ਼ਾਰ 320 ਰੁਪਏ 'ਤੇ ਝੋਨੇ ਦੀ ਖ਼ਰੀਦ ਕੀਤੀ ਜਾ ਰਹੀ ਏ ਅਤੇ ਹੁਣ ਤੱਕ ਝੋਨੇ ਦੀ ਕੁੱਲ ਖ਼ਰੀਦ 14 ਹਜ਼ਾਰ 66 ਕਰੋੜ ਰੁਪਏ ਦੀ ਹੋਈ ਏ ਅਤੇ 3 ਲਖ 51 ਹਜ਼ਾਰ 906 ਕਿਸਾਨਾਂ ਨੂੰ ਇਸ ਦਾ ਲਾਭ ਹੋਇਆ ਏ। ਇਸ ਤੋਂ ਇਲਾਵਾ 4 ਹਜ਼ਾਰ 145 ਮਿੱਲ ਮਾਲਕਾਂ ਨੇ ਝੋਨੇ ਦੀ ਵਿਕਰੀ ਲਈ ਅਰਜ਼ੀਆਂ ਦਿੱਤੀਆਂ ਨੇ ਅਤੇ ਉਹ ਮੰਡੀਆਂ ਵਿੱਚੋਂ ਝੋਨਾ ਚੁੱਕ ਰਹੇ ਨੇ. ਇਸ ਤਰ੍ਹਾਂ ਸੂਬਾ, ਨਵੰਬਰ ਦੇ ਅੰਤ ਤੱਕ 185 ਲੱਖ ਮੀਟ੍ਰਿਕ ਟਨ ਝੋਨਾ ਖ਼ਰੀਦਣ ਦਾ ਟੀਚਾ ਹਾਸਲ ਕਰਨ ਵੱਲ ਵਧ ਰਿਹਾ ਏ।

---------------------------------------------

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਪਟਿਆਲਾ ਅਨਾਜ ਮੰਡੀ ਦਾ ਦੌਰਾ ਕਰਕੇ ਖ਼ਰੀਦ ਏਜੰਸੀਆਂ ਦੇ ਜ਼ਿਲ੍ਹਾ ਮੈਨੇਜਰਾਂ ਨਾਲ ਮੰਡੀ ਵਿਖੇ ਹੀ ਮੀਟਿੰਗ ਕੀਤੀ ਤੇ ਸਖ਼ਤ ਹਦਾਇਤ ਕੀਤੀ ਕਿ ਦੀਵਾਲੀ ਦੇ ਤਿਉਹਾਰ ਮੌਕੇ ਕੋਈ ਕਿਸਾਨ ਮੰਡੀਆਂ ਵਿਚ ਬੈਠਕੇ ਆਪਣੀ ਫ਼ਸਲ ਵਿਕਣ ਦੀ ਉਡੀਕ ਨਾ ਕਰੇ। ਡਿਪਟੀ ਕਮਿਸ਼ਨਰ ਨੇ ਮੰਡੀ ’ਚ ਵਿਕਣ ਆਏ ਝੋਨੇ ਦੀਆਂ ਢੇਰੀਆਂ ਦਾ ਖ਼ੁਦ ਮੁਆਇਨਾ ਕਰਦਿਆਂ ਮੀਟਰ ਨਾਲ ਨਮੀ ਚੈਕ ਕੀਤੀ ਤੇ ਨਿਰਧਾਰਤ ਨਮੀ ਵਾਲੀਆਂ ਸਾਰੀਆਂ ਢੇਰੀਆਂ ਦੀ ਤੁਰੰਤ ਬੋਲੀ ਲਗਾਉਣ ਦੀ ਹਦਾਇਤ ਕੀਤੀ। ਡਾ. ਪ੍ਰੀਤੀ ਯਾਦਵ ਨੇ ਵੱਖ-ਵੱਖ ਪਿੰਡਾਂ ਦੇ ਕਿਸਾਨਾਂ ਨਾਲ ਗੱਲਬਾਤ ਕਰਕੇ ਮੰਡੀ ਪ੍ਰਬੰਧਾਂ ਦਾ ਜਾਇਜਾ ਲਿਆ.

----------------------------------------------------------

ਜ਼ਿਲ੍ਹਾ ਐਸ.ਏ.ਐਸ. ਨਗਰ ਦੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਏ ਕਿ ਜਿਲੇ ਦੀਆਂ ਮੰਡੀਆਂ ਵਿਚ ਹੁਣ ਤੱਕ 1 ਲੱਖ 40 ਹਜ਼ਾਰ 259 ਮੀਟਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ ਏ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿਚ ਇਸ ਸੀਜ਼ਨ

ਦੌਰਾਨ 2 ਲੱਖ 14 ਹਜ਼ਾਰ 7 ਸੋ 76 ਮੀਟਰਕ ਟਨ ਝੋਨੇ ਦੀ ਆਮਦ ਦਾ ਟੀਚਾ ਹੈ। ਇਸ ਸਬੰਧੀ ਓਹਨਾ ਦੱਸਿਆ ਕਿ ਲਿਫਟਿੰਗ ਦਾ ਮਾਮਲਾ ਲਗਪਗ ਹੱਲ ਹੋ ਗਿਆ ਏ ਤੇ ਜ਼ਿਆਦਾਤਰ ਮਿੱਲ ਮਾਲਕਾਂ ਨੇ ਸਬੰਧਤ ਖਰੀਦ ਏਜੰਸੀਆਂ ਨਾਲ ਐਗਰੀਮੈਂਟ ਕਰ ਲਿਆ ਏ । ਉਨ੍ਹਾਂ ਦੱਸਿਆ ਕਿ ਹੁਣ ਤੱਕ 24 ਮਿੱਲਰ ਲਿਫ਼ਟਿੰਗ ਵਿਚ ਸ਼ਾਮਲ ਹੋ ਚੁੱਕੇ ਨੇ ਤੇ ਬਾਕੀ ਮਿੱਲਰ ਸ਼ਾਮਲ ਹੋਣ ਲਈ ਲੋੜੀਂਦੀਆਂ ਰਸਮੀ ਕਾਰਵਾਈਆਂ ਪੂਰੀਆਂ ਕਰ ਰਹੇ ਨੇ ।à

-------------------------------------------------

ਅੰਮ੍ਰਿਤਸਰ ਦੇ ਮਜੀਠਾ ਰੋਡ ਤੇ ਸਥਿਤ ਪਿੰਡ ਨਾਗ ਕਲਾਂ ਵਿਖੇ ਪੰਜਾਬ ਨੈਸ਼ਨਲ ਬੈਂਕ ਵਿਚ 5 ਲੱਖ ਰੁਪਏ ਲੁੱਟੇ ਜਾਣ ਦੀ ਖਬਰ ਏ। ਲੁੱਟ ਦੀ ਘਟਨਾ ਨੂੰ ਦੋ ਅਣਪਛਾਤੇ ਨੌਜਵਾਨਾਂ ਵਲੋਂ ਅੰਜਾਮ ਦਿੱਤਾ ਗਿਆ ਜੋ ਕਿ ਮੂੰਹ ਢੱਕ ਕੇ ਬੈਂਕ ਅੰਦਰ ਦਾਖਲ ਹੋਏ ਤੇ ਪਿਸਤੋਲ ਦੀ ਨੋਕ ਤੇ 5 ਲੱਖ ਰੁਪਏ ਲੁੱਟ ਕੇ ਫਰਾਰ ਹੋ ਗਏ। ਘਟਨਾ ਦੀਆਂ ਸੀ.ਸੀ.ਟੀ.ਵੀ. ਤਸਵੀਰਾਂ ਸਾਹਮਣੇ ਆ ਗਈਆਂ ਹਨ। ਅੰਮ੍ਰਿਤਸਰ Rural ਪੁਲਸ ਦੇ ਐਸ.ਐਸ.ਪੀ. ਚਰਨਜੀਤ ਸਿੰਘ ਸੋਹਲ ਨੇ ਘਟਨਾ ਦੀ ਪੁਸ਼ਟੀ ਕਰਦੇ

ਹੋਏ ਦੱਸਿਆ ਕਿ ਪੁਲੀਸ ਨੇ ਮੁਲਜ਼ਮਾਂ ਦੀ ਸ਼ਨਾਖ਼ਤ ਕਰ ਲਈ ਏ ਤੇ ਛੇਤੀ ਹੀ ਮੁਲਜਮ ਗ੍ਰਿਫਤਾਰ ਕਰ ਲਏ ਜਾਣਗੇ। ਇਸ ਤੋਂ ਪਹਿਲਾਂ ਅੰਮ੍ਰਿਤਸਰ ਦਿਹਾਤੀ ਪੁਲਸ ਨੇ ਪਿਛਲੀ ਮਹੀਨੇ ਅੰਮ੍ਰਿਤਸਰ ਦੇ ਗੋਪਾਲਪੁਰ ਪਿੰਡ ਵਿਚ ਹੋਈ ਬੈਂਕ ਦੀ ਲੁੱਟ ਦੀ ਵਾਰਦਾਤ ਨੂੰ ਕੁਝ ਦਿਨਾਂ ਵਿਚ ਹੀ ਹੱਲ ਕਰਕੇ ਸਾਰੇ ਮੁਲਜਮਾ ਨੂੰ ਗ੍ਰਿਫਤਾਰ ਕਰ ਲਿਆ ਸੀ।

---------------------------------------------------

ਸਮਾਜਿਕ ਸੁਰੱਖਿਆ ਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਹੇਠ ਜਿਲ੍ਹਾ ਤਰਨ ਤਾਰਨ ਵਿਚ ਜਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਗਗਨਦੀਪ ਸਿੰਘ ਵਲੋਂ ਸੇਵਾ ਦੇਵੀ ਕਾਲਜ ਤਰਨ ਤਾਰਨ ਵਿਖੇ ਅੰਤਰ-ਰਾਸ਼ਟਰੀ ਸੰਕੇਤਕ ਭਾਸ਼ਾ ਦਿਵਸ ਸੰਬੰਧੀ ਜਿਲ੍ਹਾ ਪੱਧਰੀ ਸਮਾਗਮ ਕਰਵਾਇਆ ਗਿਆ। ਇਸ ਮੌਕੇ ਹਲਕਾ ਤਰਨ ਤਾਰਨ ਦੇ ਐਮ.ਐਲ.ਏ. ਡਾ. ਕਸ਼ਮੀਰ ਸਿੰਘ ਸੋਹਲ ਵਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ । ਇਸ ਮੌਕੇ ਜਿਲ੍ਹੇ ਵਿਚ ਚੱਲ ਰਹੇ ਭਗਤ ਪੂਰਨ ਸਿੰਘ ਸਕੂਲ ਆਫ ਡੈਫ਼, ਸਰਹਾਲੀ ਕਲਾਂ ਦੇ ਦਿਵਿਆਂਗ ਵਿਦਿਆਰਥੀਆਂ ਵਲੋਂ ਪੇਸ਼ਕਾਰੀ ਦਿੱਤੀ ਗਈ। ਉਕਤ ਤੋਂ ਇਲਾਵਾ ਜਿਲ੍ਹੇ ਦੇ ਹੋਰ ਵੱਖ-ਵੱਖ

ਸਕੂਲਾਂ ਦੇ ਦਿਵਿਆਂਗ ਵਿਦਿਆਰਥੀਆਂ/ਅਧਿਆਪਕਆਂ ਇਸ ਮੌਕੇ ਹਾਜਰ ਰਹੇ।

---------------------------------------------

ਫਾਜ਼ਿਲਕਾ ਦੇ ਜ਼ਿਲਾ ਮੈਜਿਸਟ੍ਰੇਟ ਅਮਰਪ੍ਰੀਤ ਕੌਰ ਸੰਧੂ ਨੇ ਜ਼ਿਲ੍ਹੇ ਵਿਚ ਪ੍ਰੀਗਾਬਾਲਿਨ 75 ਐਮ.ਜੀ. ਤੋਂ ਵੱਧ ਮਾਤਰਾ ਦੇ ਕੈਪਸੂਲ/ਗੋਲੀਆਂ ਦੀ ਵਿਕਰੀ 'ਤੇ ਮੁਕੰਮਲ ਤੌਰ ਪਾਬੰਦੀ ਲਗਾਈ ਏ । ਉਨ੍ਹਾਂ ਨਿਰਦੇਸ਼ ਦਿੱਤੇ ਕਿ ਕੈਮਿਸਟ ਵਲੋਂ ਦਵਾਈ ਦੇਣ ਸਮੇਂ ਪ੍ਰਿਸਕ੍ਰਿਪਸ਼ਨ ਸਲਿੱਪ 'ਤੇ ਆਪਣੀ ਮੋਹਰ ਲਗਾਈ ਜਾਵੇਗੀ ਤੇ ਦਵਾਈ ਦੇਣ ਦੀ ਮਿਤੀ ਦਰਜ ਕੀਤੀ ਜਾਵੇਗੀ। ਇਹ ਪਾਬੰਦੀ 31 ਦਸੰਬਰ 2024 ਤੱਕ ਲਾਗੂ ਰਹੇਗੀ । ਇਹ ਹੁਕਮ ਸਿਵਲ ਸਰਜਨ ਫਾਜ਼ਿਲਕਾ ਦੇ ਹੁਕਮਾਂ ਤੇ ਜਾਰੀ ਕੀਤਾ ਗਿਆ ਹੈ। ਸਿਵਲ ਸਰਜਨ ਨੇ ਆਪਣੀ ਰਿਪੋਰਟ 'ਚ ਦੱਸਿਆ ਕਿ ਕੈਪਸੂਲ ਦਾ ਆਮ ਲੋਕਾਂ ਵਲੋਂ ਮੈਡੀਕਲ ਨਸ਼ੇ ਵਜੋਂ ਸੇਵਨ ਕੀਤਾ ਜਾ ਰਿਹਾ ਏ । ਉਨ੍ਹਾਂ ਵਲੋਂ ਕੈਪਸੂਲ ਦੀ ਵਿਕਰੀ 'ਤੇ ਉਕਤ ਧਾਰਾ ਤਹਿਤ ਮੁਕੰਮਲ ਤੌਰ ਪਾਬੰਦੀ ਲਗਾਉਣ ਦੀ ਮੰਗ ਕੀਤੀ ਗਈ।

---------------------------------------------

ਸਰਹੰਦ ਪਟਿਆਲਾ ਰੋਡ ਤੇ ਪਿੰਡ ਜਖਵਾਲੀ ਨਜਦੀਕ ਵਾਪਰੇ ਸੜਕ ਹਾਦਸੇ ਦੌਰਾਨ 2 ਨੌਜਵਾਨਾਂ ਦੀ ਮੌਤ ਹੋ ਗਈ। ਮ੍ਰਿਤਕਾਂ ਦੀ ਪਹਿਚਾਨ ਜਸ਼ਨਪ੍ਰੀਤ ਸਿੰਘ (23) ਪਿੰਡ ਢੈਂਠਲ ਤੇ ਹਰਪ੍ਰੀਤ ਸਿੰਘ (22) ਪਿੰਡ ਦਾਨੀਪੁਰ ਵਜੋਂ ਹੋਈ ਏ। ਇਹ ਦੋਵੇਂ ਨੌਜਵਾਨ ਜ਼ਿਲਾ ਪਟਿਆਲਾ ਦੇ ਸਮਾਣਾ ਨਾਲ ਸਬੰਧਤ ਨੇ । ਥਾਣਾ ਮੁਲੇਪੁਰ ਦੇ ਸਹਾਇਕ ਥਾਣੇਦਾਰ ਜਗਜੀਤ ਸਿੰਘ ਨੇ ਦੱਸਿਆ ਕਿ ਇਹ ਨੌਜਵਾਨ ਕਾਰ ਵਿਚ ਸਵਾਰ ਹੋ ਕੇ ਪਟਿਆਲਾ ਤੋਂ ਸਰਹੰਦ ਵੱਲ ਆ ਰਹੇ ਸਨ ਤੇ ਪਿੰਡ ਜਖਵਾਲੀ ਕੋਲ ਆ ਕੇ ਉਨਾਂ ਦੀ ਕਾਰ ਇਕ ਦਰਖਤ ਨਾਲ ਟਕਰਾ ਗਈ, ਜਿਸ ਨਾਲ ਦੋਵਾਂ ਦੀ ਮੌਤ ਹੋ ਗਈ । ਪੁਲਿਸ ਨੇ ਪਰਿਵਾਰਿਕ ਮੈਂਬਰਾਂ ਦੇ ਬਿਆਨ ਤੇ ਲਾਸ਼ਾਂ ਦਾ ਪੋਸਟਮਾਰਟਮ ਕਰਵਾ ਕੇ ਵਾਰਸਾਂ ਹਵਾਲੇ ਕਰ ਦਿੱਤੀਆਂ ਹਨ ਤੇ ਜਾਂਚ ਕੀਤੀ ਜਾ ਰਹੀ ਹੈ।

----------------------------------------------------

ਮੁਹਾਲੀ ਵਾਸੀਆਂ ਨੂੰ ਦੀਵਾਲੀ ਤੇ ਬੰਦੀ-ਛੋੜ ਦਿਵਸ ਦੀ ਵਧਾਈ ਦਿੰਦਿਆਂ ਕਾਰਜਕਾਰੀ ਸਿਵਲ ਸਰਜਨ ਡਾ. ਰੇਨੂੰ ਸਿੰਘ ਨੇ ਪ੍ਰਦੂਸ਼ਣ-ਮੁਕਤ ਤੇ ਹਰੀ-ਭਰੀ ਦੀਵਾਲੀ ਮਨਾਉਣ ਦੀ ਅਪੀਲ ਕੀਤੀ ਏ । ਸਿਵਲ

ਸਰਜਨ ਨੇ ਕਿਹਾ ਕਿ ਜਿਸ ਤਰ੍ਹਾਂ ਅੱਜ ਵਾਤਾਵਰਣ ’ਚ ਪ੍ਰਦੂਸ਼ਣ ਲਗਾਤਾਰ ਵਧ ਰਿਹਾ ਏ ,ਜਿਸ ਨੂੰ ਵੇਖਦਿਆਂ ਪਟਾਕੇ ਚਲਾਉਣ ਤੋਂ ਗੁਰੇਜ਼ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਪਟਾਕੇ ਚਲਾਉਣ ਨਾਲ ਆਬੋ-ਹਵਾ ਵਿਗੜਦੀ ਏ , ਜੋ ਸਿਹਤ ਲਈ ਨੁਕਸਾਨਦੇਹ ਹੋ ਸਕਦੀ ਏ । ਸੁਰੱਖਿਅਤ ਦੀਵਾਲੀ ਮਨਾਉਣ ਦੀ ਲੋੜ ’ਤੇ ਜ਼ੋਰ ਦਿੰਦਿਆਂ ਡਾ. ਰੇਨੂੰ ਸਿੰਘ ਨੇ ਕਿਹਾ ਜੇ ਪਟਾਕੇ ਚਲਾਉਣੇ ਹੀ ਨੇ ਤਾਂ ਸਾਵਧਾਨੀਆਂ ਵਰਤੀਆਂ ਜਾਣ। ਅੱਖਾਂ ਦਾ ਖ਼ਾਸ ਤੌਰ ’ਤੇ ਖ਼ਿਆਲ ਰਖਣਾ ਜ਼ਰੂਰੀ ਹੈ। ਇਸ ਤੋਂ ਇਲਾਵਾ ਛੋਟੇ ਬੱਚਿਆਂ ਨੂੰ ਆਤਿਸ਼ਬਾਜ਼ੀ ਤੋਂ ਦੂਰ ਰਖਿਆ ਜਾਵੇ ਤੇ ਮਾਪਿਆਂ ਦਾ ਬੱਚਿਆਂ ਨਾਲ ਮੌਜੂਦ ਹੋਣਾ ਜ਼ਰੂਰੀ ਏ । ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਸੁਰੱਖਿਅਤ ਤੇ ਵਾਤਾਵਰਣ ਹਿਤੈਸ਼ੀ ਦੀਵਾਲੀ ਮਨਾਉਣ ਪ੍ਰਤੀ ਵਚਨਬੱਧ ਏ ।